BC Centre for Disease Control
Provincial Health Services Authority

Clinical Prevention Services
Provincial STI/HIV Clinic

655 West 12th Avenue
Vancouver, BC V5Z 4R4

Tel 604.707.5600
Fax 604.707.5604

www.bccdc.ca
www.SmartSexResource.com

# ਸੀਫ਼ਿਕਸੀਮ
# Cefixime

ਸੀਫ਼ਿਕਸੀਮ (Suprax® – ਸੁਪਰੈਕਸ) ਮੂੰਹ ਰਾਹੀਂ ਲਿਆ ਜਾਣ ਵਾਲਾ ਇੱਕ ਐਂਟੀਬਾਇਓਟਿਕ ਹੈ ਜੋ ਜਿਨਸੀ ਸੰਬੰਧਾਂ ਕਾਰਣ ਫੈਲਣ ਵਾਲੀਆਂ ਕੁਝ ਇਨਫ਼ੈਕਸ਼ਨਾਂ (ਐੱਸ.ਟੀ.ਆਈ.'ਜ਼) ਦੇ ਇਲਾਜ ਲਈ ਇਸਤੇਮਾਲ ਕੀਤਾ ਜਾਂਦਾ ਹੈ।

## ਐਲਰਜੀਆਂ (Allergies)

- ਜੇ ਤੁਹਾਨੂੰ ਪੈਨਸੀਲਿਨ ਐਂਟੀਬਾਇਓਟਿਕ ਜਿਵੇਂ ਕਿ ਪੈਨਸੀਲਿਨ ਵੀ-ਕੇ, ਐਮੌਕਸੀਸਿਲਿਨ (Amoxil® – ਐਮੌਕਸਿਲ) ਜਾਂ ਕਿਸੇ ਸੈਫ਼ਲੋਸਪੋਰਿਨ ਐਂਟੀਬਾਇਓਟਿਕ ਜਿਵੇਂ ਕਿ ਸੀਫ਼ਿਕਸੀਮ (Suprax® – ਸੁਪਰੈਕਸ), ਸੇਫਲੇਕਸਿਨ (ਕੀ ਫਲੈਕਸ), ਸੀਫੈਕਟਰ ((ਸੈਕਲੋਰ), ਸੈਫ਼ਟ੍ਰੀਐਕਸੋਨ (Rocephin® – ਰੋਸਫ਼ਿਨ) ਜਾਂ ਇਹੋ ਜਿਹੇ ਉਤਪਾਦਾਂ ਤੋਂ ਐਲਰਜੀ ਹੈ ਤਾਂ ਅਤਪਣੇ ਸਿਹਤ ਸੰਭਾਲ ਵਾਲੇ ਨੂੰ ਦੱਸੋ।

## ਗਰਭਕਾਲ ਅਤੇ ਆਪਣਾ ਦੁੱਧ ਚੁੰਘਾਉਣਾ (Pregnancy and Chest/Breastfeeding)

- ਹੋ ਸਕਦਾ ਹੈ ਕਿ ਗਰਭਕਾਲ ਅਤੇ ਬੱਚੇ ਨੂੰ ਆਪਣਾ ਦੁੱਧ ਚੁੰਘਾਉਣ ਦੇ ਸਮੇਂ ਦੌਰਾਨ ਸੀਫ਼ਿਕਸੀਮ ਨੂੰ ਸਾਵਧਾਨੀ ਨਾਲ ਇਸਤੇਮਾਲ ਕੀਤਾ ਜਾ ਸਕੇ। ਕਿਰਪਾ ਕਰਕੇ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ-ਬਾਤ ਕਰੋ।

## ਸਾਵਧਾਨੀ (CAUTION)

- ਸੀਫ਼ਿਕਸੀਮ ਦੀ ਪਿਛਲੀ ਖ਼ੁਰਾਕ ਅਤੇ ਟਾਈਫ਼ਾਇਡ ਦੀ ਮੂੰਹ ਰਾਹੀਂ ਲਈ ਜਾਣ ਵਾਲੀ ਵੈਕਸੀਨ (Vivotif® – ਵੀਵੋਟਿਫ਼) ਵਿਚਕਾਰ 24 ਘੰਟੇ ਜਾਂ ਜ਼ਿਆਦਾ ਸਮਾਂ ਬੀਤ ਲੈਣ ਦਿਓ।
- **ਦੂਜੀਆਂ ਦਵਾਈਆਂ ਉੱਪਰ ਪ੍ਰਭਾਵ:** ਇਸ ਦਸਤਾਵੇਜ਼ ਵਿੱਚ ਹਰ ਕਿਸਮ ਦੀ ਦਵਾਈ ਉੱਪਰ ਪੈਣ ਵਾਲੇ ਪ੍ਰਭਾਵਾਂ ਬਾਰੇ ਨਹੀਂ ਦੱਸਿਆ ਗਿਆ। ਜੇ ਤੁਸੀਂ ਕੋਈ ਪ੍ਰਿਸਕ੍ਰਿਪਸ਼ਨ, ਗ਼ੈਰ-ਪ੍ਰਿਸਕ੍ਰਿਪਸ਼ਨ, ਹਰਬਲ, ਜਾਂ ਮਨ-ਪਰਚਾਵੇ ਵਾਲੇ ਕੋਈ ਉਤਪਾਦ ਇਸਤੇਮਾਲ ਕਰ ਰਹੇ ਹੋ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਦੱਸੋ।

## ਮਾੜੇ ਪ੍ਰਭਾਵ (Side Effects)

- ਤੁਹਾਡਾ ਸਿਰ ਦਰਦ ਹੋ ਸਕਦਾ ਹੈ, ਤੁਹਾਨੂੰ ਦਸਤ ਲੱਗ ਸਕਦੇ ਹਨ, ਜੀਅ ਕੱਚਾ ਹੋ ਸਕਦਾ ਹੈ, ਢਿੱਡ ਵਿੱਚ ਦਰਦ ਹੋ ਸਕਦਾ ਹੈ ਅਤੇ/ਜਾਂ ਗੈਸ ਹੋ ਸਕਦੀ ਹੈ।
- ਜੇ ਤੁਹਾਡੇ ਵਿੱਚ ਐਲਰਜਿਕ ਰੀਐਕਸ਼ਨ ਦੇ ਹੇਠ ਲਿਖੇ ਲੱਛਣ ਹੋਣ ਤਾਂ ਤੁਰੰਤ ਮੈਡੀਕਲ ਸਹਾਇਤਾ ਹਾਸਲ ਕਰੋ: ਛਪਾਕੀਆਂ, ਸਾਹ ਲੈਣ ਵਿੱਚ ਤਕਲੀਫ਼, ਚਿਹਰਾ, ਬੁੱਲ੍ਹ, ਜੀਭ ਅਤੇ ਗਲ਼ਾ ਸੁੱਜਣਾ।

## ਦਵਾਈਆਂ ਲੈਣ ਸੰਬੰਧੀ ਹਿਦਾਇਤਾਂ (Instructions for Taking)

- ਸੀਫ਼ਿਕਸੀਮ ਲਈ ਆਮ ਤੌਰ 'ਤੇ ਸਿਰਫ਼ ਇੱਕੋ ਵਾਰੀ, ਇੱਕੋ ਖ਼ੁਰਾਕ ਲੈਣ ਦੀ ਹੀ ਤਜਵੀਜ਼ ਕੀਤੀ ਜਾਂਦੀ ਹੈ। ਆਪਣੇ ਸਿਹਤ ਸੰਭਾਲ ਪ੍ਰਦਾਤਾ ਦੀਆਂ ਖ਼ੁਰਾਕ ਸੰਬੰਧੀ ਹਿਦਾਇਤਾਂ ਦੀ ਪਾਲਣਾ ਕਰੋ।
- ਪੇਟ ਖ਼ਰਾਬ ਹੋਣ ਦੇ ਆਸਾਰ ਘਟਾਉਣ ਲਈ ਦਵਾਈ ਨੂੰ ਭੋਜਨ ਦੇ ਨਾਲ ਲਓ।

# ਸੀਫ਼ਿਕਸੀਮ (ਜਾਰੀ)
# Cefixime (cont'd)

**ਸਾਂਭ–ਸੰਭਾਲ ਸੰਬੰਧੀ ਹਿਦਾਇਤਾਂ (Storage Instructions)**

- 15 ਅਤੇ 30°C ਵਿਚਕਾਰ ਕਮਰੇ ਦੇ ਤਾਪਮਾਨ 'ਤੇ ਰੱਖੋ।
- ਰੋਸ਼ਨੀ, ਤਪਸ਼ ਅਤੇ ਨਮੀ ਤੋਂ ਦੂਰ ਰੱਖੋ।
- ਦਵਾਈਆਂ ਨੂੰ ਉਨ੍ਹਾਂ ਦੀ ਮਿਆਦ ਪੁੱਗ ਜਾਣ ਦੀ ਤਾਰੀਖ਼ ਤੋਂ ਬਾਅਦ ਇਸਤੇਮਾਲ ਨਾ ਕਰੋ।
- ਬੱਚਿਆਂ ਦੀ ਪਹੁੰਚ ਤੋਂ ਦੂਰ ਰੱਖੋ।

**ਵਿਸ਼ੇਸ਼ ਹਿਦਾਇਤਾਂ (Special Instructions)**

- ਉਦੋਂ ਤਕ ਸੰਭੋਗ ਨਾ ਕਰੋ ਜਦੋਂ ਤਕ:
    - ਤੁਹਾਡੇ 1-ਦਿਨਾ ਟ੍ਰੀਟਮੈਂਟ ਹੋਏ ਨੂੰ ਇੱਕ ਹਫ਼ਤਾ ਨਹੀਂ ਬੀਤ ਜਾਂਦਾ; **ਅਤੇ**
    - ਤੁਹਾਡੇ ਕਾਮੁਕ ਸਾਥੀ(ਆਂ) ਦਾ ਇਲਾਜ ਵੀ ਕਰ ਦਿੱਤਾ ਗਿਆ ਹੈ **ਅਤੇ** ਉਨ੍ਹਾਂ ਦਾ ਟ੍ਰੀਟਮੈਂਟ ਸ਼ੁਰੂ ਹੋਇਆਂ ਇੱਕ ਹਫ਼ਤਾ ਹੋ ਚੁੱਕਾ ਹੈ, ਭਾਵੇਂ ਉਨ੍ਹਾਂ ਦੇ ਟੈਸਟ ਦੇ ਨਤੀਜੇ ਨਾਂਹ-ਪੱਖੀ (ਨੈਗੇਟਿਵ) ਹੀ ਹੋਣ।
- ਜੇ ਤੁਸੀਂ ਅਜਿਹੇ ਸਾਥੀ ਨਾਲ ਸੰਭੋਗ ਕਰ ਰਹੇ ਹੋ ਜਿਸ ਦਾ ਇਲਾਜ ਨਹੀਂ ਕੀਤਾ ਗਿਆ ਜਾਂ ਤੁਸੀਂ ਆਪਣਾ ਜਾਂ ਆਪਣੇ ਸਾਥੀ ਦਾ ਟ੍ਰੀਟਮੈਂਟ ਮੁਕੰਮਲ ਹੋਣ ਤੋਂ ਪਹਿਲਾਂ ਸੰਭੋਗ ਕਰਦੇ ਹੋ ਤਾਂ ਤੁਹਾਨੂੰ ਦੁਬਾਰਾ ਟ੍ਰੀਟਮੈਂਟ ਕਰਵਾਉਣ ਦੀ ਲੋੜ ਪਵੇਗੀ। ਕਿਰਪਾ ਕਰਕੇ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ-ਬਾਤ ਕਰੋ।

ਜੇ ਤੁਹਾਡੇ ਕੋਈ ਸਵਾਲ ਹਨ ਜਾਂ ਤੁਹਾਨੂੰ ਜ਼ਿਆਦਾ ਜਾਣਕਾਰੀ ਚਾਹੀਦੀ ਹੈ ਤਾਂ ਕਿਰਪਾ ਕਰਕੇ www.smartsexresource.com 'ਤੇ ਜਾਓ ਜਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਸੰਪਰਕ ਕਰੋ।